# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 14-09-2024**

ਅੱਜ ਹਿੰਦੀ ਦਿਵਸ ਦੇ ਮੌਕੇ 'ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸਾਰੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਇੱਕ ਵੀਡੀਓ ਸੰਦੇਸ਼ ਵਿੱਚ, ਸ਼੍ਰੀ ਸ਼ਾਹ ਨੇ ਇਸ ਸਾਲ ਦੇ ਹਿੰਦੀ ਦਿਵਸ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਓਹਨਾ ਕਿਹਾ ਕਿ 14 ਸਤੰਬਰ 1949 ਨੂੰ, ਭਾਰਤ ਦੀ ਸੰਵਿਧਾਨ ਸਭਾ ਨੇ ਹਿੰਦੀ ਨੂੰ ਸਰਕਾਰੀ ਭਾਸ਼ਾ ਵਜੋਂ ਅਪਣਾਇਆ ਸੀ। ਸ਼੍ਰੀ ਸ਼ਾਹ ਨੇ ਦੱਸਿਆ ਕਿ ਹਿੰਦੀ ਦਿਵਸ ਆਪਣਾ 75ਵਾਂ ਸਾਲ ਪੂਰਾ ਕਰ ਰਿਹਾ ਏ ਅਤੇ ਇਸ ਮੀਲ ਪੱਥਰ ਨੂੰ ਸਰਕਾਰੀ ਭਾਸ਼ਾ ਵਜੋਂ ਹਿੰਦੀ ਦੀ ਡਾਇਮੰਡ ਜੁਬਲੀ ਵਜੋਂ ਮਨਾਇਆ ਜਾ ਰਿਹਾ ਹੈ। ਓਹਨਾ ਜ਼ੋਰ ਦੇ ਕੇ ਕਿਹਾ ਕਿ ਸਾਰੀਆਂ ਭਾਰਤੀ ਭਾਸ਼ਾਵਾਂ ਦੇਸ਼ ਲਈ ਮਾਣ ਅਤੇ ਵਿਰਾਸਤ ਦਾ ਸਰੋਤ ਨੇ , ਅਤੇ ਇਨ੍ਹਾਂ ਭਾਸ਼ਾਵਾਂ ਨੂੰ ਅਮੀਰ ਕੀਤੇ ਬਿਨਾਂ ਤਰੱਕੀ ਨਹੀਂ ਕੀਤੀ ਜਾ ਸਕਦੀ। ਹਿੰਦੀ ਅਤੇ ਕਿਸੇ ਵੀ ਖੇਤਰੀ ਭਾਸ਼ਾ ਵਿੱਚ ਕੋਈ ਮੁਕਾਬਲਾ ਨਹੀਂ ਹੈ, ਹਿੰਦੀ ਸਾਰੀਆਂ ਸਥਾਨਕ ਭਾਸ਼ਾਵਾਂ ਦੀ ਦੋਸਤ ਹੈ।

---------------------------------------------------------

ਰਾਸ਼ਟਰੀ ਪੜਤਾਲੀਆ ਏਜੰਸੀ ਨੇ ਕੈਨੇਡਾ ਵਿੱਚ ਭਾਰਤੀ ਹਾਈ ਕਮਿਸ਼ਨ 'ਤੇ ਕਥਿਤ ਤੌਰ 'ਤੇ ਖਾਲਿਸਤਾਨ ਹਮਾਇਤੀਆਂ ਵੱਲੋਂ ਕੀਤੇ ਗਏ ਹਮਲੇ ਦੀ ਜਾਂਚ ਦੇ ਸਬੰਧ ਵਿੱਚ ਅੱਜ ਪੰਜਾਬ ਵਿੱਚ ਕਈ ਥਾਵਾਂ 'ਤੇ ਛਾਪੇਮਾਰੀ ਕੀਤੀ। ਇਹ ਛਾਪੇ ਮੋਗਾ
, ਅੰਮ੍ਰਿਤਸਰ, ਗੁਰਦਾਸਪੁਰ ਅਤੇ ਜਲੰਧਰ ਵਿੱਚ ਮਾਰੇ ਗਏ . ਪਿਛਲੇ ਸਾਲ, ਏਜੰਸੀ ਨੇ ਓਟਵਾ ਵਿੱਚ ਭਾਰਤੀ ਮਿਸ਼ਨ ਦੇ ਬਾਹਰ ਖਾਲਿਸਤਾਨ ਹਮਾਇਤੀਆਂ ਵੱਲੋਂ ਕੀਤੇ ਗਏ ਵਿਰੋਧ ਨੂੰ ਲੈ ਕੇ ਕੇਸ ਦਰਜ ਕੀਤਾ ਸੀ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋੜਵੰਦ ਬੱਚਿਆਂ ਦੀ ਭਲਾਈ ਲਈ ਬਾਲ ਭਲਾਈ ਯੋਜਨਾਵਾਂ ਰਾਹੀਂ ਲੋੜਵੰਦ ਬੱਚਿਆਂ ਨੂੰ ਲਾਭ ਦਿੱਤਾ ਜਾ ਰਿਹਾ ਏ। ਅੱਜ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਵੱਲੋਂ 56 ਲੋੜਵੰਦ ਬੱਚਿਆਂ ਨੂੰ ,ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ,ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਵੱਲੋਂ ਮਨਾਏ ਗਏ ਸਪਾਂਸਰਸ਼ਿਪ ਦਿਵਸ ਮੌਕੇ, ਸਪਾਂਸਰਸ਼ਿਪ ਸਕੀਮ ਅਧੀਨ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ ਗਏ। ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ

ਇਸ ਸਪਾਂਸਰਸ਼ਿਪ ਯੋਜਨਾ ਤਹਿਤ ਲੋੜਵੰਦ ਬੱਚਿਆਂ ਨੂੰ ਚਾਰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦਿੱਤਾ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਜਿਨ੍ਹਾਂ ਪਰਿਵਾਰਾਂ ਦੀ ਆਰਥਿਕ ਹਾਲਤ ਕਮਜ਼ੋਰ ਏ ਤੇ ਜਿਨ੍ਹਾਂ ਦੇ ਪਿਤਾ ਦੀ ਮੌਤ ਹੋ ਗਈ ਹੈ ਅਤੇ ਘਰ ਵਿੱਚ ਕੋਈ ਆਮਦਨ ਦਾ ਸਾਧਨ ਨਹੀਂ ਹੈ, ਉਹਨਾਂ ਬੱਚਿਆਂ ਨੂੰ ਇਸ ਸਕੀਮ ਦਾ ਲਾਭ ਦਿੱਤਾ ਜਾਂਦਾ ਏ। ਉਹਨਾਂ ਕਿਹਾ ਕਿ ਇਸ ਸਕੀਮ ਦਾ ਵੱਧ ਤੋਂ ਵੱਧ ਲਾਹਾ ਲੈਣਾ ਚਾਹੀਦਾ ਏ ,ਤਾਂ ਜੋ ਜ਼ਰੂਰਤ ਮੰਦ ਬੱਚਿਆਂ ਦਾ ਵਧੀਆ ਢੰਗ ਨਾਲ ਪਾਲਨ ਪੋਸ਼ਣ ਹੋ ਸਕੇ। ਇਸ ਸਪਾਂਸਰਸ਼ਿਪ ਸਕੀਮ ਲਈ, ਦਫ਼ਤਰ ਦੀ ਈ-ਮੇਲ ਆਈ ਡੀ dcpo.patiala@gmail.com ਤੇ ਅਪਲਾਈ ਕੀਤਾ ਜਾ ਸਕਦਾ ਏ ਅਤੇ ਪਟਿਆਲਾ ਦੇ ਦਫ਼ਤਰ ,ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ, ਬਲਾਕ-ਸੀ ਐਕਸਟੈਂਸ਼ਨ ਕਮਰਾ ਨੰਬਰ 150 ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਪਟਿਆਲਾ ਵਿਖੇ ਸੰਪਰਕ ਕੀਤਾ ਜਾ ਸਕਦਾ ਏ

---------------------------------------------------------------

ਫਰੀਦਕੋਟ ਦੇ ਡਿਪਟੀ ਕਮਿਸ਼ਨਰ, ਸ੍ਰੀ ਵਿਨੀਤ ਕੁਮਾਰ ਦੀ ਅਗਵਾਈ ਹੇਠ, ਜ਼ਿਲਾ ਪ੍ਰਸ਼ਾਸਨ ਵੱਲੋਂ ਪਿਛਲੇ ਸਾਲ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੇ ਵੱਧ ਮਾਮਲਿਆਂ ਵਾਲੇ ਪਿੰਡਾਂ ਵਿੱਚ ਜਾ ਕੇ, ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਖੇਤਾਂ ਵਿੱਚ ਸੰਭਾਲਣ ਬਾਰੇ ਜਾਗਰੁਕ ਕਰਨ

ਲਈ, ਕਿਸਾਨਾਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਨੇ । ਇਸੇ ਲੜੀ ਤਹਿਤ, ਪਿੰਡ ਅਰਾਈਆਂਵਾਲਾ ਕਲਾਂ ਵਿੱਚ, ਕਿਸਾਨਾਂ ਨਾਲ ਮੀਟਿੰਗ ਕੀਤੀ ਗਈ। ਜਿਸ ਦੀ ਪ੍ਰਧਾਨਗੀ ਡਾ.ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ ਨੇ ਕੀਤੀ । ਡਾ.ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲਾ ਫਰੀਦਕੋਟ ਵਿੱਚ 30 ਅਜਿਹੇ ਪਿੰਡਾਂ ਦੀ ਸ਼ਨਾਖਤ ਕੀਤੀ ਗਈ ਏ , ਜਿੰਨਾਂ ਵਿੱਚ ਸਾਲ 2023-24 ਦੌਰਾਨ ਸੈਟੇਲਾਈਟ ਰਾਹੀਂ, 20 ਜਾਂ 20 ਤੋਂ ਵੱਧ ਪਰਾਲੀ ਨੂੰ ਅੱਗ ਲੱਗਣ ਦੇ ਵਾਕਿਆ ਦਰਜ਼ ਕੀਤੇ ਗਏ ਸਨ। ਉਨ੍ਹਾਂ ਨੇ ਖਾਸ ਕਰਕੇ ਪਿਛਲੇ ਸਾਲ, ਨਾੜ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਨਾਲ ਗੱਲ ਕਰਕੇ, ਉਨ੍ਹਾਂ ਕੋਲੋ ਅੱਗ ਲਗਾਉਣ ਦੇ ਕਾਰਨਾਂ ਦੀ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਆਗਾਮੀ ਸੀਜ਼ਨ ਦੌਰਾਨ, ਜਿੰਨਾਂ ਪਿੰਡਾਂ ਵਿਚ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦਾ ਇੱਕ ਵੀ ਵਾਕਿਆ ਦਰਜ ਨਹੀਂ ਹੋਵੇਗਾ, ਉਨ੍ਹਾਂ ਪਿੰਡਾਂ ਅਤੇ ਕਿਸਾਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਜਾਵੇਗਾ, ਤਾਂ ਜੋ ਹੋਰ ਕਿਸਾਨ ਵੀ ਉਨ੍ਹਾਂ ਤੋਂ ਪ੍ਰੇਰਨਾ ਲੈ ਕੇ ਪਰਾਲੀ ਦਾ ਸਹੀ ਨਿਪਟਾਰਾ ਕਰਨ। ਉਨ੍ਹਾਂ ਨੇ ਕਿਸਾਨਾਂ ਨੂੰ ਯਕੀਨ ਦਿਵਾਇਆ ਕਿ ਉਨ੍ਹਾ ਨੂੰ ਸੁਪਰਸੀਡਰ, ਬੇਲਰ ਸਮੇਤ ਲੋੜੀਦੇ ਖੇਤੀ ਸਾਧਨ ਮੁਹੱਈਆ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਜੋ ਕਿਸਾਨ ਹੁਣ ਵੀ ਖੇਤੀ ਮਸ਼ੀਨਰੀ ਖ੍ਰੀਦਣਾ ਚਾਹੁੰਦੇ ਨੇ

ਉਹ 19 ਸਤੰਬਰ ਤੱਕ ਆਨ ਲਾਈਨ ਪੋਰਟਲ ਤੇ ਅਪਲਾਈ ਕਰ ਸਕਦੇ ਹਨ।

-----------------------------------------------------------------

ਜ਼ਿਲਾ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ, ਜੂਨ, ਜੁਲਾਈ, ਅਗਸਤ ਅਤੇ ਸਤੰਬਰ ਮਹੀਨੇ ਵਿਚ ਹੁਣ ਤੱਕ ਲਾਏ ਗਏ ਸੁਵਿਧਾ ਕੈਂਪਾਂ ਸਬੰਧੀ ਜਾਣਕਾਰੀ ਦਿੰਦਿਆ ਦੱਸਿਆ ਏ, ਕਿ ਪੰਜਾਬ ਸਰਕਾਰ ਵੱਲੋਂ, ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ , ਸਰਕਾਰੀ ਸੇਵਾਂਵਾਂ ਦੇਣ ਲਈ, ਤੇ ਲੋਕ ਭਲਾਈ ਸਕੀਮਾਂ ਦਾ ਲਾਭ ਦੇਣ ਲਈ , ਸ਼ੁਰੂ ਕੀਤੇ ਗਏ ਸੁਵਿਧਾ ਕੈਂਪਾਂ ਦੇ ਅਧੀਨ, ਵੱਖ ਵੱਖ ਵਿਭਾਗਾਂ ਵੱਲੋਂ, ਲੋਕਾਂ ਨੂੰ ਸੇਵਾਵਾਂ ਦਾ ਲਾਭ ਮੌਕੇ 'ਤੇ ਦਿੱਤਾ ਜਾ ਜਾਂਦਾ ਏ , ਅਤੇ ਕੁਝ ਸ਼ਿਕਾਇਤਾਂ ਦਾ ਨਿਪਟਾਰਾ ਸਮਾਂਬੱਧ ਤਰੀਕੇ ਨਾਲ ਕੀਤਾ ਜਾਂਦਾ ਏ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ ਮਹੀਨਿਆਂ ਦੌਰਾਨ ਫਰੀਦਕੋਟ ਜਿਲ੍ਹੇ ਵਿੱਚ, ਕੁੱਲ 14 ਸੁਵਿਧਾ ਕੈਂਪ ਲਾਏ ਗਏ , ਜਿਸ ਵਿੱਚ 77 ਦੇ ਕਰੀਬ ਪਿੰਡਾਂ ਦੇ ਵਸਨੀਕਾਂ ਨੇ ਪਹੁੰਚ ਕੇ ਆਪਣੀਆਂ ਸ਼ਿਕਾਇਤਾਂ ਦੱਸੀਆਂ। ਇਸ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ, ਜਿਲ੍ਹੇ ਦੇ ਲੋਕਾਂ ਨੂੰ ਸਰਕਾਰੀ ਦਫਤਰਾਂ ਵਿੱਚ ਵੀ ਸਰਕਾਰੀ ਕੰਮ-ਕਾਰ ਸਬੰਧੀ, ਕਿਸੇ ਕਿਸਮ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ

ਜਾਵੇਗੀ। ਉਨ੍ਹਾਂ ਜਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨੇੜੇ ਦੇ ਸੁਵਿਧਾ ਕੈਂਪਾਂ ਵਿੱਚ ਪਹੁੰਚ ਕੇ, ਪੰਜਾਬ ਸਰਕਾਰ ਦੇ ਸੁਵਿਧਾ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ ਤਾਂ ਜੋ ਉਨ੍ਹਾਂ ਨੂੰ ਸਰਕਾਰੀ ਦਫਤਰਾਂ ਵਿੱਚ, ਨਾ ਆਉਣਾ ਪਵੇ।

---------------------------------------------------------------

ਖੇਡਾਂ ਵਤਨ ਪੰਜਾਬ ਦੀਆਂ - 2024 ਦੇ ਤੀਸਰੇ ਸੀਜ਼ਨ ਤਹਿਤ, ਜ਼ਿਲ੍ਹਾ ਪੱਧਰੀ ਖੇਡਾਂ ਦੀ ਸ਼ੁਰੂਆਤ, 16 ਸਤੰਬਰ ਤੋਂ ਕਰਵਾਈ ਜਾਵੇਗੀ। ਜ਼ਿਲ੍ਹਾ ਖੇਡ ਅਫ਼ਸਰ ਕੁਲਦੀਪ ਚੁੱਘ ਨੇ ਦੱਸਿਆ, ਕਿ ਇਸ ਖੇਡ ਸਮਾਗਮ ਦਾ ਮਕਸਦ, ਨੌਜਵਾਨਾਂ ਨੂੰ ਖੇਡਾਂ ਵਿੱਚ ਭਾਗੀਦਾਰੀ ਲਈ ਉਤਸ਼ਾਹਿਤ ਕਰਨਾ ਏ । ਉਨ੍ਹਾਂ ਦੱਸਿਆ ਕਿ ਨਿਰਧਾਰਤ ਸਮਾਗਮ 28 ਸਤੰਬਰ ਤੱਕ ਚੱਲਣਗੇ। ਇਹ ਖੇਡਾਂ 16 ਤੋਂ 28 ਸਤੰਬਰ ਤੱਕ, ਵੱਖ-ਵੱਖ ਮੈਦਾਨਾਂ ਵਿੱਚ ਹੋਣਗੀਆਂ, ਜਿਨ੍ਹਾਂ ਵਿੱਚ ਹਾਰਵੈਸਟ ਅਕੈਡਮੀ ਪਿੰਡ ਜੱਸੋਵਾਲ, ਗੁਰੂ ਨਾਨਕ ਸਟੇਡੀਅਮ ਲੁਧਿਆਣਾ, ਸਰਕਾਰੀ ਕਾਲਜ ਲੁਧਿਆਣਾ, ਬੀ.ਵੀ.ਐਮ. ਕਿਚਲੂ ਨਗਰ ਲੁਧਿਆਣਾ, ਮਲਟੀਪਰਪਜ ਹਾਲ, ਸਾਹਮਣੇ ਗੁਰੂ ਨਾਨਕ ਸਟੇਡੀਅਮ, ਲੁਧਿਆਣਾ, ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਭੈਣੀ ਬੜਿੰਗਾ, ਸਾਸ਼ਤਰੀ ਹਾਲ ਗੁਰੂ ਨਾਨਕ ਸਟੇਡੀਅਮ, ਕਿਸ਼ੋਰੀ ਲਾਲ ਜੇਠੀ ਸੀਨੀਅਰ ਸੈਕੰਡਰੀ

ਸਕੂਲ, ਖੰਨਾ, ਪੀ.ਏ.ਯੂ. ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਪੀ.ਏ.ਯੂ. ਕੈਂਪਸ, ਲੁਧਿਆਣਾ, ਸਰਕਾਰੀ ਕਾਲਜ਼ ਲੜਕੀਆਂ, ਗੋਬਿੰਦ ਨੈਸ਼ਨਲ ਕਾਲਜ਼ ਨਾਰੰਗਵਾਲ, ਓਲੰਪੀਅਨ ਪ੍ਰਿਥੀਪਾਲ ਹਾਕੀ ਸਟੇਡੀਅਮ, ਪੀ.ਏ.ਯੂ. ਲੁਧਿਆਣਾ, ਸੈਕਰਡ ਸੋਲ ਸ ਸ ਸਕੂਲ, ਧਾਂਦਰਾ ਰੋਡ, ਟੇਬਲ ਟੈਨਿਸ ਹਾਲ, ਰੱਖ ਬਾਗ ਆਦਿ ਸ਼ਾਮਲ ਨੇ ।ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਖੇਡਾਂ ਦੇ ਸੁਚੱਜੇ ਆਯੋਜਨ ਲਈ ਆਵਾਜਾਈ, ਰਿਹਾਇਸ਼, ਰਿਫਰੈਸ਼ਮੈਂਟ ਅਤੇ ਸੁਰੱਖਿਆ ਸਮੇਤ ਪੁਖਤਾ ਪ੍ਰਬੰਧ ਕੀਤੇ ਗਏ ਨੇ।

---------------------------------------------------------------

ਡੀਡੀ ਨੈਸ਼ਨਲ ਦੂਰਦਰਸ਼ਨ ਆਪਣੀ 65ਵੀਂ ਵਰ੍ਹੇਗੰਢ 'ਤੇ ਆਪਣੇ ਦਰਸ਼ਕਾਂ ਦਾ ਮਨ ਮੋਹ ਲੈਣ ਲਈ ਪੂਰੀ ਤਰ੍ਹਾਂ ਤਿਆਰ ਏ । 15 ਸਤੰਬਰ 1959 ਨੂੰ ਆਪਣੀ ਸ਼ੁਰੂਆਤ ਤੋਂ ਲੈ ਕੇ, ਦੂਰਦਰਸ਼ਨ ਰਾਸ਼ਟਰ ਦੀ ਆਵਾਜ਼ ਵਜੋਂ ਸੇਵਾ ਕਰਦੇ ਹੋਏ ਏਕਤਾ, ਸੱਭਿਆਚਾਰ ਅਤੇ ਸਿੱਖਿਆ ਨੂੰ ਉਤਸ਼ਾਹਤ ਕਰਨ ਵਾਲੇ ਭਾਰਤੀ ਮੀਡੀਆ ਦਾ ਇੱਕ ਅਧਾਰ ਰਿਹਾ ਏ । ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਕਿਹਾ ਏ ਕਿ, ਇਸ ਮੀਲ ਪੱਥਰ ਦੀ ਯਾਦ ਵਿੱਚ, ਡੀਡੀ ਨੈਸ਼ਨਲ ਇੱਕ ਵਿਸ਼ੇਸ਼ ਪ੍ਰੋਗਰਾਮ - ਦਿਲ ਸੇ

ਦੂਰਦਰਸ਼ਨ, ਡੀਡੀ@65 ਦਾ ਪ੍ਰਸਾਰਣ ਕਰੇਗਾ। ਇਹ ਸ਼ੋਅ ਐਤਵਾਰ ਨੂੰ ਸਵੇਰੇ 10.00 ਵਜੇ ਪ੍ਰਸਾਰਿਤ ਕੀਤਾ ਜਾਵੇਗਾ। ਦਿੱਲੀ ਵਿੱਚ ਇੱਕ ਪ੍ਰਯੋਗਾਤਮਕ ਪ੍ਰਸਾਰਣ ਦੇ ਨਾਲ ਆਪਣੀ ਨਿਮਰ ਸ਼ੁਰੂਆਤ ਤੋਂ, ਦੂਰਦਰਸ਼ਨ, ਦੁਨੀਆ ਦੇ ਸਭ ਤੋਂ ਵੱਡੇ ਪ੍ਰਸਾਰਣ ਸੰਗਠਨਾਂ ਵਿੱਚੋਂ ਇੱਕ ਬਣ ਗਿਆ ਏ। ਬੀਤੇ ਦਹਾਕਿਆਂ ਦੌਰਾਨ, ਇਸ ਨੇ ਜਨਤਕ ਸੇਵਾ ਪ੍ਰਸਾਰਣ ਪ੍ਰਤੀ ਆਪਣੀ ਵਚਨਬੱਧਤਾ ਨੂੰ ਦ੍ਰਿੜਤਾ ਨਾਲ ਕਾਇਮ ਰੱਖਦੇ ਹੋਏ ਤਕਨਾਲੋਜੀ ਅਤੇ ਦਰਸ਼ਕਾਂ ਦੀ ਸ਼ਮੂਲੀਅਤ ਵਿੱਚ ਅਹਿਮ ਤਬਦੀਲੀਆਂ ਨੂੰ ਦੇਖਿਆ ਏ। 2024 ਪੈਰਿਸ ਓਲੰਪਿਕ ਵਿੱਚ ਦੋ ਕਾਂਸੀ ਦੇ ਤਗਮੇ ਜਿੱਤਣ ਵਾਲੀ ਮਨੂੰ ਭਾਕਰ ਆਪਣੇ ਪਰਿਵਾਰ ਨਾਲ ਅੰਮ੍ਰਿਤਸਰ ਵਿਖੇ ਪਹੁੰਚੇ । ਇਸ ਦੌਰਾਨ ਉਹ ਵਾਘਾ ਬਾਰਡਰ 'ਤੇ ਰਿਟਰੀਟ ਸੈਰਾਮਨੀ 'ਤੇ ਪਹੁੰਚੇ ਤੇ ਬੀਐਸਐਫ ਅਧਿਕਾਰੀਆਂ ਵੱਲੋਂ ਉਹਨਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇੱਸ ਦੌਰਾਨ ਮਨੂ ਭਾਕਰ ਨੇ ਕਿਹਾ ਕਿ ਇਥੇ ਪਹੁੰਚ ਕਿ ਉਨ੍ਹਾਂ ਨੂੰ ਬਹੁਤ ਖੁਸ਼ੀ ਹੋਈ। ਉਨ੍ਹਾਂ ਸਾਰਿਆਂ ਨੂੰ ਖੇਡਾਂ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਮਨੂ ਭਾਕਰ ਪੈਰਿਸ ਓਲੰਪਿਕ ਦੇ ਵਿੱਚ ਦੋ ਤਗਮੇ ਜਿੱਤਣ ਵਾਲੀ ਪਹਿਲੀ ਭਾਰਤੀ ਮਹਿਲਾ ਬਣ ਗਈ ਏ। ਉਨ੍ਹਾਂ ਨੇ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ ਕਾਂਸੀ ਦਾ ਤਗਮਾ ਜਿੱਤਿਆ ਸੀ ਤੇ ਇਜ਼ਦੇ ਨਾਲ ਹੀ ਉਹ ਦੋ ਕਾਂਸੀ ਦੇ ਤਮਗੇ ਜਿੱਤਣ ਵਾਲੀ ਪਹਿਲੀ ਭਾਰਤੀ ਔਰਤ ਬਣ ਗਈ ਏ।